ਦਫਤਰ ਜ਼ਿਲਾ ਲੋਕ ਸੰਪਰਕ ਅਫਸਰ,ਅੰਮ੍ਰਿਤਸਰ।

ਜਿਲਾ ਅੰਮ੍ਰਿਤਸਰ ਵਿਚ ਸਮਾਜਿਕ ਸੁਰੱਖਿਆ ਵਿਭਾਗ ਨੇ ਮਾਰਚ

ਮਹੀਨੇ ਦੀ 12 ਕਰੋੜ ਰੁਪਏ ਦੀ ਅਦਇਗੀ ਪੈਨਸ਼ਨਰਾਂ ਨੂੰ ਕੀਤੀ-ਡਿਪਟੀ ਕਮਿਸ਼ਨਰ

ਅੰਮ੍ਰਿਤਸਰ, 9 ਅਪ੍ਰੈਲ (        )-

ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਕੋਵਿਡ-19 ਸੰਕਟ ਦੇ ਮੱਦੇਨਜ਼ਰ ਪੈਨਸ਼ਨਰਾਂ ਨੂੰ ਨਾਲੋ-ਨਾਲ ਪੈਨਸ਼ਨਾਂ ਦੀ ਅਦਾਇਗੀ ਕੀਤੀ ਜਾ ਰਹੀ ਹੈ, ਜਿਸ ਸਦਕਾ ਜਿਲਾ ਅੰਮ੍ਰਿਤਸਰ ਵਿਚ ਵੱਖ-ਵੱਖ ਵਰਗਾਂ ਦੇ ਪੈਨਸ਼ਨਰਾਂ ਨੂੰ 12 ਕਰੋੜ ਰੁਪਏ ਤੋਂ ਵੱਧ ਦੀ ਅਦਾਇਗੀ ਬੈਂਕਾਂ ਰਾਹੀਂ ਕਰ ਦਿੱਤੀ ਗਈ ਹੈ। ਇਹ ਜਾਣਕਾਰੀ ਦਿੰਦੇ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਨੇ ਦੱਸਿਆ ਕਿ ਕੋਵਿਡ-19 ਦੀਆਂ ਬੰਦਿਸ਼ਾਂ ਦੀ ਰੌਸ਼ਨੀ ਵਿੱਚ ਸੂਬਾ ਸਰਕਾਰ ਨੇ ਪਿੰਡਾਂ ਵਿੱਚ ਲਾਭਪਾਤਰੀਆਂ ਨੂੰ ਬਿਜ਼ਨਸ ਕੋਰਸਪੋਡੈਂਟਾਂ ਰਾਹੀਂ ਸਮਾਜਿਕ ਸੁਰੱਖਿਆ ਪੈਨਸ਼ਨਾਂ ਅਤੇ ਲਾਭ ਦੇਣ ਦਾ ਫੈਸਲਾ ਕੀਤਾ ਹੈ, ਜੋ ਕਿ ਲਗਾਤਾਰ ਪੈਨਸ਼ਨਾਂ ਵੰਡ ਰਹੇ ਹਨ।

ਇਸ ਮੌਕੇ ਜਿਲਾ ਸਮਾਜਿਕ ਸੁਰੱਖਿਆ ਅਧਿਕਾਰੀ ਸ. ਨਰਿੰਦਰ ਸਿੰਘ ਪੰਨੂੰ ਨੇ ਦੱਸਿਆ ਕਿ ਮਾਰਚ 2020 ਦੀ ਅਦਾਇਗੀ ਦਾ ਕੰਮ ਪੂਰਾ ਹੋ ਚੁੱਕਿਆ ਹੈ, ਜਿਸ ਵਿਚ 1 ਲੱਖ 10 ਹਜ਼ਾਰ ਤੋਂ ਵੱਧ ਪੈਨਸ਼ਨਰਾਂ ਨੂੰ 8 ਕਰੋੜ 28 ਲੱਖ ਰੁਪਏ, 31963 ਵਿਧਵਾ ਪੈਨਸ਼ਨਰਾਂ ਨੂੰ 2 ਕਰੋੜ 39 ਲੱਖ ਰੁਪਏ, 11950 ਦਿਵਿਆਂਗ ਪੈਨਸ਼ਨਰਾਂ ਨੂੰ 89 ਲੱਖ 62 ਹਜ਼ਾਰ ਰੁਪਏ, 7697 ਆਸ਼ਰਿਤ ਬੱਚਿਆਂ ਨੂੰ 57 ਲੱਖ ਰੁਪਏ ਤੋਂ ਵੱਧ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਉਨਾਂ ਦੱਸਿਆ ਕਿ ਅਪ੍ਰੈਲ ਮਹੀਨੇ ਦੀ ਅਦਾਇਗੀ ਲਈ ਵੀ ਮੁੱਖ ਮੰਤਰੀ ਵੱਲੋਂ ਬੀਤੇ ਦਿਨ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ ਅਤੇ ਵਿਤ ਵਿਭਾਗ ਨੇ ਉਸ ਲਈ ਵੀ ਪੈਸਾ ਭੇਜ ਦਿੱਤਾ ਹੈ। ਉਨਾਂ ਕਿਹਾ ਕਿ ਆਉਂਦੇ ਦਿਨਾਂ ਵਿਚ ਅਸੀਂ ਜਿਲਾ ਪੱਧਰ ਉਤੇ ਸਾਰੀ ਅਦਾਇਗੀ ਪੈਨਸ਼ਨਰਾਂ ਨੂੰ ਉਨਾਂ ਦੇ ਖਾਤਿਆਂ ਵਿਚ ਭੇਜ ਦਿਆਂਗੇ, ਜਿਥੋਂ ਕਿ ਬੈਂਕਰ ਆਪਣੇ ਬਿਜਨਸ ਕੋਰਸਪੋਡੈਂਟ ਰਾਹੀਂ ਇਹ ਲਾਭ ਸਬੰਧਤ ਵਿਅਕਤੀਆਂ ਤੱਕ ਪੁੱਜਦਾ ਕਰ ਦੇਣਗੇ।

===========

ਦਫਤਰ ਜ਼ਿਲਾ ਲੋਕ ਸੰਪਰਕ ਅਫਸਰ,ਅੰਮ੍ਰਿਤਸਰ।

ਸੋਨੀ ਵੱਲੋਂ ਅੰਮ੍ਰਿਤਸਰ ਕੇਂਦਰੀ ਹਲਕੇ ਲਈ ਰਾਸ਼ਨ ਦੀ ਸਪਲਾਈ ਲਗਾਤਾਰ ਜਾਰੀ

1500 ਪਰਿਵਾਰਾਂ ਲਈ ਸੁੱਕਾ ਰਾਸ਼ਨ ਤੇ 500 ਪਰਿਵਾਰਾਂ ਲਈ ਲੰਗਰ ਭੇਜਿਆ

ਅੰਮ੍ਰਿਤਸਰ, 9 ਅਪ੍ਰੈਲ ( )-ਡਾਕਟਰੀ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ. ਪੀ. ਸੋਨੀ ਵੱਲੋਂ ਅੰਮ੍ਰਿਤਸਰ ਕੇਂਦਰੀ ਹਲਕੇ ਦੇ ਲੋੜਵੰਦ ਲੋਕਾਂ ਲਈ ਲਗਾਤਾਰ ਖੁਰਾਕ ਪਦਾਰਥ, ਜਿਸ ਵਿਚ ਸੁੱਕਾ ਰਾਸ਼ਨ ਤੇ ਤਿਆਰ ਲੰਗਰ ਸ਼ਾਮਿਲ ਹੈ, ਦੀ ਸਪਲਾਈ ਭੇਜੀ ਜਾ ਰਹੀ ਹੈ। ਬੀਤੇ ਦਿਨੀਂ ਪੰਜ ਟਰੱਕ ਭੇਜਣ ਤੋਂ ਬਅਦ ਅੱਜ ਫਿਰ ਸ੍ਰੀ ਸੋਨੀ ਨੇ ਆਪਣੀ ਰਿਹਾਇਸ਼ ਤੋਂ 1500 ਪਰਿਵਾਰਾਂ ਲਈ ਸੁੱਕਾ ਰਾਸ਼ਨ ਅਤੇ 500 ਪਰਿਵਾਰਾਂ ਲਈ ਤਿਆਰ ਲੰਗਰ ਅੰਮ੍ਰਿਤਸਰ ਕੇਂਦਰੀ ਹਲਕੇ ਲਈ ਪੰਜ ਟਰੱਕਾਂ ਵਿਚ ਭੇਜਿਆ। ਉਨਾਂ ਸ੍ਰੀ ਵਿਕਾਸ ਸੋਨੀ ਨੂੰ ਹਦਾਇਤ ਕੀਤੀ ਕਿ ਤਿਆਰ ਲੰਗਰ ਵਾਰਡ ਨੰਬਰ 70 ਅਤੇ 71 ਦੀਆਂ ਲੋੜਾਂ ਪੂਰੀਆਂ ਕਰਨ ਲਈ ਘਰ-ਘਰ ਵੰਡਿਆ ਜਾਵੇ।

ਸ੍ਰੀ ਸੋਨੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਵੱਲੋਂ ਲੋੜਵੰਦ ਲੋਕਾਂ ਤੱਕ ਫ਼ੂਡ ਪੈਕਟ ਵੰਡਣ ਦਾ ਕੰਮ ਨਿਰੰਤਰ ਜਾਰੀ ਹੈ। ਇਸ ਤੋਂ ਇਲਾਵਾ ਅਸੀਂ ਆਪਣੀ ਕੋਸ਼ਿਸ਼ਾਂ ਨਾਲ ਲੋੜਵੰਦ ਪਰਿਵਾਰਾਂ ਨੂੰ ਸੁੱਕਾ ਰਾਸ਼ਨ ਜਿਸ ਵਿਚ ਆਟਾ, ਦਾਲਾਂ, ਹਲਦੀ, ਤੇਲ, ਕਣਕ, ਖੰਡ, ਪੱਤੀ ਸ਼ਾਮਿਲ ਹੈ, ਵੀ ਘਰ-ਘਰ ਭੇਜ ਰਹੇ ਹਾਂ। ਉਨਾਂ ਦੱਸਿਆ ਕਿ ਲੋੜਵੰਦ ਲੋਕ, ਜਿੰਨਾ ਵਿਚ ਦਿਹਾੜੀਦਾਰ ਕਾਮੇ ਜੋ ਕਿ ਰੋਜ਼ ਦਿਹਾੜੀ ਕਰਕੇ ਰੋਟੀ ਖਾਂਦੇ ਸਨ, ਪਰ ਬੰਦ ਹੋਣ ਕਾਰਨ ਕੰਮ ਉਤੇ ਨਹੀਂ ਜਾ ਸਕੇ ਤੱਕ ਘਰ-ਘਰ ਪਹੁੰਚ ਕੀਤੀ ਜਾ ਰਹੀ ਹੈ ਅਤੇ ਉਨਾਂ ਨੂੰ ਵੱਖ-ਵੱਖ ਸੰਸਥਾਵਾਂ ਦੀ ਸਹਾਇਤਾ ਨਾਲ ਤਿਆਰ ਲੰਗਰ ਵੀ ਭੇਜਿਆ ਜਾ ਰਿਹਾ ਹੈ, ਤਾਂ ਕਿ ਗੁਰੂ ਨਗਰੀ ਦਾ ਕੋਈ ਬਸ਼ਿੰਦਾ ਭੁੱਖਾ ਨਾ ਰਹੇ। ਉਨਾਂ ਦੱਸਿਆ ਕਿ ਸਾਡੀ ਕੋਸ਼ਿਸ਼ ਹੈ ਕਿ ਹਰੇਕ ਲੋੜਵੰਦ ਦੇ ਘਰਾਂ ਵਿਚ ਜਾ ਕੇ ਸੁੱਕਾ ਰਾਸ਼ਨ ਦਿੱਤਾ ਜਾਵੇ। ਸ੍ਰੀ ਸੋਨੀ ਨੇ ਇਸ ਨੇਕ ਕੰਮ ਵਿਚ ਲੱਗੀਆਂ ਸੰਸਥਾਵਾਂ ਤੇ ਸਮਾਜ ਸੇਵੀਆਂ ਦੀ ਪ੍ਰਸੰਸਾ ਕਰਦੇ ਕਿਹਾ ਕਿ ਸ਼ਹਿਰ ਵਿਚ ਬਹੁਤ ਸੰਸਥਾਵਾਂ ਇਸ ਕੰਮ ਵਿਚ ਸਾਡਾ ਸਾਥ ਦੇ ਰਹੀਆਂ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ੍ਰੀ ਵਿਕਾਸ ਸੋਨੀ, ਸ੍ਰੀ ਰਾਘਵ ਸੋਨੀ, ਸ੍ਰੀ ਸ਼ਾਮ ਸੋਨੀ, ਸ੍ਰੀ ਸੁਨੀਲ ਕਪੂਰ ਤੇ ਸ੍ਰੀ ਸਾਗਰ ਕਪੂਰ ਵੀ ਹਾਜ਼ਰ ਸਨ।

ਕੈਪਸ਼ਨ

ਅੰਮ੍ਰਿਤਸਰ ਕੇਂਦਰੀ ਹਲਕੇ ਲਈ ਰਾਸ਼ਨ ਦੇ ਟਰੱਕ ਰਵਾਨਾ ਕਰਨ ਮੌਕੇ ਸ੍ਰੀ ਓ. ਪੀ. ਸੋਨੀ।

===========

ਦਫਤਰ ਜ਼ਿਲਾ ਲੋਕ ਸੰਪਰਕ ਅਫਸਰ,ਅੰਮ੍ਰਿਤਸਰ।

ਸਰਕਾਰੀ ਆਈ. ਟੀ. ਆਈ. ਵੱਲੋਂ ਲਾਕਡਾਊਨ ਦੌਰਾਨ ਵਿਦਿਆਰਥੀਆਂ ਨੂੰ ਦਿੱਤੀ ਜਾ ਰਹੈ ਹੈ ਆਨ-ਲਾਇਨ ਸਿੱਖਿਆ

ਅੰਮ੍ਰਿਤਸਰ, 9 ਅਪ੍ਰੈਲ ( )-

ਪੰਜਾਬ ਦੇ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਮੰਤਰੀ ਸ:ਚਰਨਜੀਤ ਸਿੰਘ ਚੰਨੀ ਵੱਲੋਂ ਸੂਬੇ ਦੀਆਂ ਆਈ. ਟੀ. ਆਈਜ਼ ਨੂੰ ਵਿਦਿਆਰਥੀਆਂ ਨੂੰ ਪੜਾਉਣ ਲਈ ਲੋੜੀਂਦੇ ਕਦਮ ਚੁੱਕਣ ਦੀ ਕੀਤੀ ਗਈ ਹਦਾਇਤ ਦੇ ਮੱਦੇਨਜ਼ਰ ਜਿਲੇ ਦੀਆਂ ਆਈ. ਟੀ. ਆਈਜ਼ ਨੇ ਬੱਚਿਆਂ ਨੂੰ ਆਨ-ਲਾਇਨ ਪੜਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਹੈ, ਤਾਂ ਕਿ ਤਾਲਾਬੰਦੀ ਦੌਰਾਨ ਵਿਦਿਆਰਥੀਆਂ ਨੂੰ ਪੜਾਈ ਸਬੰਧੀ ਕੋਈ ਵੀ ਪ੍ਰੇਸ਼ਾਨੀ ਨਾ ਆਵੇ।

ਸਰਕਾਰੀ ਆਈ ਟੀ ਆਈ ਰਣਜੀਤ ਐਵੀਨਿਊ ਅੰਮ੍ਰਿਤਸਰ ਦੇ ਪ੍ਰਿੰਸੀਪਲ ਸ. ਗੁਰਬਖਸ਼ ਸਿੰਘ ਨੇ ਦੱਸਿਆ ਕਿ ਸਾਡੇ ਅਧਿਆਪਕ ਵੱਖ-ਵੱਖ ਤਕਨੀਕਾਂ ਜਿਵੇਂ ਕਿ ਵਟਸਐਪ ਗਰੁੱਪਾਂ ਅਤੇ ਈ-ਮੇਲ ਜ਼ਰੀਏ ਬੱਚਿਆਂ ਨਾਲ ਲਗਾਤਾਰ ਸੰਪਰਕ ਕਰ ਰਹੇ ਹਨ ਅਤੇ ਸਾਡੀ ਕੋਸ਼ਿਸ਼ ਹੈ ਕਿ ਆਉਣ ਵਾਲੇ ਦਿਨਾਂ ਵਿਚ ਆਨਲਾਈਨ ਵਿਧੀ ਰਾਹੀਂ ਕਲਾਸਾਂ ਚਲਾਉਣ ਦਾ ਕੰਮ ਵੀ ਕਰ ਲਿਆ ਜਾਵੇ, ਤਾਂ ਜੋ ਮੌਜੂਦਾ ਸੰਕਟਕਾਲੀ ਸਥਿਤੀ ਵਿਚ ਵਿਦਿਆਰਥੀਆਂ ਦੀ ਪੜਾਈ ਦਾ ਕੋਈ ਨੁਕਸਾਨ ਨਾ ਹੋਵੇ। ਉਨਾਂ ਨੇ ਕਿਹਾ ਕਿ ਅਧਿਆਪਕਾਂ ਨੂੰ ਵੀ ਕਿਹਾ ਗਿਆ ਹੈ ਕਿ ਉਹ ਘਰ ਤੋਂ ਕੰਮ ਕਰਨ ਅਤੇ ਕੋਰਸ ਨਾਲ ਸਬੰਧਤ ਵੀਡੀਓ ਲੈਕਚਰ ਵਿਦਿਆਰਥੀਆਂ ਨੂੰ ਪ੍ਰਸਾਰਿਤ ਕਰਨ। ਵਿਦਿਆਰਥੀ ਚੈਟ ਰਾਹੀਂ ਆਪਣੇ ਪ੍ਰਸ਼ਨ ਸਿੱਧੇ ਤੌਰ ਤੇ ਪੁੱਛ ਸਕਦੇ ਹਨ ਅਤੇ ਇਨਾਂ ਪ੍ਰਸ਼ਨਾਂ ਦੇ ਜਵਾਬ ਤੁਰੰਤ ਹੀ ਅਧਿਆਪਕ ਵਲੋਂ ਦਿੱਤੇ ਜਾ ਸਕਦੇ ਹਨ। ਉਨਾਂ ਕਿਹਾ ਕਿ ਲੰਬੇ ਸਮੇਂ ਦੇ ਸੰਕਟ ਦੀ ਸੰਭਾਵਤ ਸਥਿਤੀ ਵਿੱਚ, ਵਿਦਿਆਰਥੀਆਂ ਦੇ ਸਮੈਸਟਰ ਦਾ ਕੋਈ ਨੁਕਸਾਨ ਨਾ ਹੋਵੇ ਇਸ ਲਈ ਉਕਤ ਕਦਮ ਚੁੱਕੇ ਜਾ ਰਹੇ ਹਨ ।

=============

ਦਫਤਰ ਜ਼ਿਲਾ ਲੋਕ ਸੰਪਰਕ ਅਫਸਰ,ਅੰਮ੍ਰਿਤਸਰ।

ਅਮਨਦੀਪ ਹਸਪਤਾਲ ਨੇ ਰੈਡ ਕਰਾਸ ਅੰਮ੍ਰਿਤਸਰ ਵੱਲੋਂ ਕਾਇਮ 'ਕੋਵਿਡ 19 ਰਿਲੀਫ ਫੰਡ' ਵਿਚ ਦਿੱਤੀ 5 ਲੱਖ ਰੁਪਏ ਦੀ ਸਹਾਇਤਾ

ਡਿਪਟੀ ਕਮਿਸ਼ਨਰ ਵੱਲੋਂ ਸੰਕਟ ਦੇ ਮੌਕੇ ਵੱਧ ਤੋਂ ਵੱਧ ਸਹਾਇਤਾ ਦੇਣ ਦੀ ਅਪੀਲ

ਅੰਮ੍ਰਿਤਸਰ, 9 ਅਪਰੈਲ ( )-

ਕੋਵਿਡ 19 ਦੌਰਾਨ ਪੈਦਾ ਹੋਈ ਸਥਿਤੀ, ਜਿਸ ਵਿਚ ਦਿਹਾੜੀਦਾਰ ਲੋਕਾਂ ਨੂੰ ਘਰਾਂ ਵਿਚ ਬੈਠਣ ਲਈ ਮਜ਼ਬੂਰ ਹੋਣਾ ਪਿਆ ਹੈ, ਨੂੰ ਦਾਲ-ਰੋਟੀ ਦਾ ਪ੍ਰਬੰਧ ਕਰਨ ਲਈ ਸਰਕਾਰ ਦੇ ਨਾਲ-ਨਾਲ ਸਮਾਜ ਸੇਵੀ ਸੰਸਥਾਵਾਂ ਵੀ ਮੈਦਾਨ ਵਿਚ ਡਟੀਆਂ ਹੋਈਆਂ ਹਨ,ਅਤੇ ਸ਼ਹਿਰ ਦੀਆਂ ਕਈ ਨਾਮੀ ਹਸਤੀਆਂ ਵੀ ਜਿਲਾ ਪ੍ਰਸ਼ਾਸਨ ਨੂੰ ਵਿੱਤੀ ਸਹਾਇਤਾ ਦੇ ਰਹੀਆਂ ਹਨ।

ਇਸੇ ਹੀ ਲੜੀ ਤਹਿਤ ਅੱਜ ਅਮਨਦੀਪ ਗਰੁੱਪ ਆਫ ਹਸਪਤਾਲ ਦੇ ਮੁਖੀ ਡਾਕਟਰ ਅਵਤਾਰ ਸਿੰਘ ਵਲੋ ਰੈਡ ਕਰਾਸ ਭਵਨ ਵਿਖੇ ਡਿਪਟੀ ਕਮਿਸ਼ਨਰ ਸ: ਸ਼ਿਵਦੁਲਾਰ ਸਿੰਘ ਢਿਲੋ ਨੂੰ ਕੋਵਿਡ 19 ਰਿਲੀਫ ਫੰਡ ਲਈ 5 ਲੱਖ ਰੁਪਏ ਦਾ ਚੈਕ ਭੇਟ ਕੀਤਾ। ਡਿਪਟੀ ਕਮਿਸ਼ਨਰ ਸ. ਢਿਲੋਂ ਨੇ ਅਮਨਦੀਪ ਹਸਪਤਾਲ ਦਾ ਇਸ ਮੁਸ਼ਕਲ ਘੜੀ ਵਿਚ ਜਿਲਾ ਵਾਸੀਆਂ ਲਈ ਦਿੱਤੇ ਗਏ ਇਸ ਪੈਸੇ ਲਈ ਧੰਨਵਾਦ ਕਰਦੇ ਸ਼ਹਿਰ ਦੇ ਵਪਾਰੀਆਂ, ਰਾਜਸੀ ਵਿਅਕਤੀਆਂ, ਸਨਅਤਕਾਰਾਂ ਅਤੇ ਆਰਥਿਕ ਤੌਰ ਉਤੇ ਸਮਰੱਥ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਲੋੜਵੰਦਾਂ ਲੋਕਾਂ ਤੱਕ ਨਿਤ ਵਰਤੋਂ ਦੀਆਂ ਵਸਤਾਂ ਮੁਹੱਈਆ ਕਰਵਾਉਣ ਲਈ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਵਿਚ ਆਪਣਾ ਵਧੇਰੇ ਯੋਗਦਾਨ ਪਾਉਣ। ਸ. ਢਿਲੋਂ ਨੇ ਦੱਸਿਆ ਕਿ ਰੈਡ ਕਰਾਸ ਸੁਸਾਇਟੀ, ਅੰਮ੍ਰਿਤਸਰ – ਕੋਵਿਡ 19 ਰਿਲੀਫ ਫੰਡ ਦੇ ਨਾਮ ਦਾ ਇਹ ਖਾਤਾ ਐਚ.ਡੀ.ਐਫ. ਸੀ ਬੈਂਕ ਵਿਚ ਖੋਲਿਆ ਗਿਆ ਹੈ। ਜਿਸ ਦਾ ਖਾਤਾ ਨੰਬਰ 50100348358119 ਅਤੇ ਆਈ. ਐਫ. ਸੀ. ਕੋਡ ਐਚ ਡੀ ਐਫ ਸੀ 0001359, ਸਵਿਫਟ ਕੋਡ ਐਚ ਡੀ ਐਫ ਸੀ ਸੀ ਆਈ ਐਨ ਬੀ ਬੀ ਹੈ। ਉਨਾਂ ਸਮੂਹ ਜਿਲਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਬੈਂਕ ਪਹੁੰਚ ਕੇ ਜਾਂ ਆਨ ਲਾਈਨ ਇਸ ਖਾਤੇ ਵਿਚ ਵੱਧ ਤੋਂ ਵੱਧ ਸਹਾਇਤਾ ਰਾਸ਼ੀ ਜਮਾ ਕਰਵਾਉਣ, ਤਾਂ ਜੋ ਅੰਮ੍ਰਿਤਸਰ ਜਿਲੇ ਦਾ ਕੋਈ ਵੀ ਵਿਅਕਤੀ ਨਿਤ ਪ੍ਰਤੀ ਦੀਆਂ ਲੋੜਾਂ ਤੋਂ ਵਿਰਵਾ ਨਾ ਰਹੇ।

ਇਸ ਮੌਕੇ ਡਾ: ਅਵਤਾਰ ਸਿੰਘ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਮਾਨਵਤਾ ਦੀ ਭਲਾਈ ਲਈ ਅੱਗੇ ਆਉਣ ਅਤੇ ਵੱਧ ਤੋ ਵੱਧ ਜ਼ਿਲਾ ਪ੍ਰਸ਼ਾਸਨ ਦਾ ਸਹਿਯੋਗ ਕਰਨ। ਉਨਾਂ ਕਿਹਾ ਕਿ ਉਨਾਂ ਦਾ ਹਸਪਤਾਲ ਹਰ ਵੇਲੇ ਪ੍ਰਸ਼ਾਸ਼ਨ ਦੇ ਨਾਲ ਖੜਾ ਹੈ ਅਤੇ ਲੋੜ ਪੈਣ ਤੇ ਆਪਣੀਆਂ ਸੇਵਾਵਾਂ ਵੀ ਦੇਵੇਗਾ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਿੰਮਾਸ਼ੂ ਅਗਰਵਾਲ, ਡਾ: ਰਵੀ ਮਹਾਜਨ,ਡਾ ਸਹਿਬਾਜ ਸਿੰਘ ਅਤੇ ਰੈਡ ਕਰਾਸ ਦੇ ਸਕੱਤਰ ਸ੍ਰੀ ਰਣਧੀਰ ਠਾਕੁਰ ਵੀ ਹਾਜ਼ਰ ਸਨ।

ਕੈਪਸ਼ਨ: ਡਾ: ਅਵਤਾਰ ਸਿੰਘ ਮੁਖੀ ਅਮਨਦੀਪ ਹਸਪਤਾਲ ਸ੍ਰੀ ਸ਼ਿਵਦੁਲਾਰ ਸਿੰਘ ਢਿਲੋ ਡਿਪਟੀ ਕਮਿਸ਼ਨਰ ਨੂੰ 5 ਲੱਖ ਰੁਪਏ ਦਾ ਚੈਕ ਭੇਟ ਕਰਦੇ ਹੋਏ।

=============

ਦਫਤਰ ਜ਼ਿਲਾ ਲੋਕ ਸੰਪਰਕ ਅਫਸਰ,ਅੰਮ੍ਰਿਤਸਰ।

ਜ਼ੁਮੈਟੋ ਵੱਲੋਂ ਅੰਮ੍ਰਿਤਸਰ ਵਿਚ ਘਰ-ਘਰ ਕਰਿਆਨੇ ਦੀ ਸਪਲਾਈ ਸ਼ੁਰੂ

ਅੰਮ੍ਰਿਤਸਰ ਦੇ ਵੱਡੇ ਕਰਿਆਨਾ ਸਟੋਰਾਂ ਤੋਂ ਆਉਂਦਾ ਹੈ ਸਮਾਨ

ਅੰਮ੍ਰਿਤਸਰ, 9 ਅਪ੍ਰੈਲ ( )-

ਕਰਫਿਊ ਦੇ ਚੱਲਦੇ ਜਿਲਾ ਪ੍ਰਸ਼ਾਸਨ ਵੱਲੋਂ ਜ਼ੁਮੈਟੋ ਨਾਲ ਲੋਕਾਂ ਨੂੰ ਜ਼ਰੂਰੀ ਵਸਤਾਂ ਉਨਾਂ ਦੇ ਘਰ ਤੱਕ ਦਾ ਜੋ ਪ੍ਰਬੰਧ ਕੀਤਾ ਗਿਆ ਸੀ , ਉਸ ਤਹਿਤ ਜ਼ੁਮੈਟੋ ਨੇ ਆਪਣਾ ਕੰਮ ਸ਼ੁਰੂ ਕਰ ਦਿੱਤਾ ਹੈ। ਜ਼ੁਮੈਟੋ ਦੇ ਮਾਰਕਿਟ ਪ੍ਰਤੀਨਿਧੀ ਯਾਮਿਨੀ ਸੈਣੀ ਨੇ ਸ਼ਹਿਰ ਵਾਸੀਆਂ ਦੀ ਸੇਵਾ ਲਈ ਦਿੱਤੇ ਗਏ ਇਸ ਮੌਕੇ ਲਈ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਦਾ ਧੰਨਵਾਦ ਕਰਦੇ ਦੱਸਿਆ ਕਿ ਭੋਜਨ ਪਦਾਰਥਾਂ ਦੀ ਹੋਮ ਡਿਲਵਰੀ ਵਿਚ ਲੰਮਾ ਤਜ਼ਰਬਾ ਰੱਖਦੇ ਸਾਡੇ ਕਰਮਚਾਰੀ ਸ਼ਹਿਰ ਦੇ ਕਿਸੇ ਵੀ ਹਿੱਸੇ ਵਿਚ ਇਕ ਘੰਟੇ ਦੇ ਅੰਦਰ-ਅੰਦਰ ਸਮਾਨ ਘਰਾਂ ਵਿਚ ਪਹੁੰਚਾ ਰਹੇ ਹਨ।

ਉਨਾਂ ਦੱਸਿਆ ਕਿ ਇਸ ਲਈ ਸ਼ਹਿਰ ਵਿਚ ਰਹਿੰਦਾ ਕੋਈ ਵੀ ਵਿਅਕਤੀ ਘਰ ਬੈਠਾ ਆਪਣੀ ਲੋੜ ਅਨੁਸਾਰ ਕਰਿਆਨਾ , ਡੇਅਰੀ ਉਤਪਾਦ, ਮੀਟ, ਬਾਥਰੂਮ ਵਿਚ ਵਰਤੇ ਜਾਣ ਵਾਲੇ ਉਤਪਾਦ, ਸਫਾਈ ਲਈ ਲੋੜੀਂਦਾ ਸਾਜੋ-ਸਮਾਨ, ਗੱਲ ਕੀ ਘਰ ਵਿਚ ਵਰਤੀ ਜਾਂਦੀ ਕੋਈ ਵੀ ਚੀਜ਼ ਦਾ ਆਰਡਰ ਕਰ ਸਕਦਾ ਹੈ ਅਤੇ ਅਸੀਂ ਉਸ ਨੂੰ ਘਰ ਪਹੁੰਚਾਉਣ ਦਾ ਜ਼ਿੰਮੇਵਾਰੀ ਨਿਭਾ ਰਹੇ ਹਾਂ। ਉਨਾਂ ਦੱਸਿਆ ਕਿ ਸ਼ਹਿਰ ਦੇ ਸਾਰੇ ਵੱਡੇ ਸਟੋਰ ਸਾਡੇ ਐਪ ਉਤੇ ਮਿਲਦੇ ਹਨ ਅਤੇ ਇਸ ਲਈ ਕੋਈ ਵੀ ਵਿਅਕਤੀ ਜਿਸਨੇ ਆਪਣੇ ਘਰ ਬੈਠੇ ਸਮਾਨ ਦੀ ਸੁਰੱਖਿਅਤ ਪਹੁੰਚ ਲੈਣੀ ਹੈ, ਉਹ ਆਪਣੇ ਫੋਨ ਵਿਚ ਯੁਮੈਟੋ ਦਾ ਐਪ ਡਾਊਨਲੋਡ ਕਰੇ ਅਤੇ ਫਿਰ ਜ਼ੁਮੈਟੋ ਮਾਰਕੀਟ ਬੈਨਰ ਉਤੇ ਕਲਿਕ ਕਰਕੇ ਆਪਣੀ ਲੋੜ ਅਨੁਸਾਰ ਜੋ ਵੀ ਸਮਾਨ ਚਾਹੀਦਾ ਹੈ, ਉਸ ਦਾ ਆਰਡਰ ਦੇ ਦੇਵੇ। ਇਸ ਮਗਰੋਂ ਸਾਡੇ ਪ੍ਰਤੀਨਿਧੀ ਉਸ ਸਮਾਨ ਨੂੰ ਛੇਤੀ ਤੋਂ ਛੇਤੀ ਉਸਦੇ ਘਰ ਪੁੱਜਦਾ ਕਰ ਦੇਣਗੇ।

=============

ਦਫਤਰ ਜ਼ਿਲਾ ਲੋਕ ਸੰਪਰਕ ਅਫਸਰ,ਅੰਮ੍ਰਿਤਸਰ।

ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸਨ ਨੇ ਮੁੱਖ ਮੰਤਰੀ ਰਿਲੀਫ ਫੰਡ ਲਈ ਦਿੱਤੀ ਇਕ ਦਿਨ ਦੀ ਤਨਖਾਹ

ਅੰਮ੍ਰਿਤਸਰ, 9 ਅਪ੍ਰੈਲ ( )-

ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਨੇ ਆਪਣੇ ਸਾਰੇ ਮੁਲਾਜ਼ਮਾਂ ਦੀ ਇੱਕ ਦਿਨ ਦੀ ਤਨਖਾਹ ਮੁੱਖ ਮੰਤਰੀ ਕੋਵਿਡ-19 ਰਿਲੀਫ਼ ਫੰਡ ਵਿੱਚ ਪਾਈ ਹੈ। ਕਾਰਪੋਰੇਸ਼ਨ ਦੇ ਚੇਅਰਮੈਨ ਇੰਜਿ: ਮੋਹਣ ਲਾਲ ਸੂਦ ਨੇ ਦੱਸਿਆ ਕਿ ਇਕ ਦਿਨ ਦੀ ਤਨਖਾਹ ਕਟਵਾ ਕੇ 2 ਲੱਖ 23 ਹਾਜ਼ਾਰ ਤੋਂ ਵੱਧ ਦਾ ਯੋਗਦਾਨ ਪਾਇਆ ਗਿਆ ਹੈ। ਸ੍ਰੀ ਸੂਦ ਨੇ ਦੱਸਿਆ ਕਿ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸਨ ਦੇ ਕਰਮਚਾਰੀਆਂ ਵਲੋਂ ਹਮੇਸ਼ਾ ਔਖੇ ਸਮੇਂ ਆਪਣੇ ਫਰਜਾਂ ਉਤੇ ਪਹਿਰਾ ਦਿੰਦੇ ਆ ਰਹੇ ਹਨ। ਇਸਤੋਂ ਪਹਿਲਾਂ ਕਰਮਚਾਰੀਆਂ ਨੇ ਪਿਛਲੇ ਸਾਲ ਆਏ ਹੜ੍ਹਾਂ ਦੌਰਾਨ ਹੋਏ ਭਾਰੀ ਨੁਕਸਾਨ ਸਮੇਂ ਵੀ ਇੱਕ ਲੱਖ ਰੁਪਏ ਦਾ ਯੋਗਦਾਨ ਮੁੱਖ ਮੰਤਰੀ ਰਾਹਤ ਫੰਡ ਵਿਚ ਪਾਇਆ ਸੀ। ਚੇਅਰਮੈਨ ਵਲੋਂ ਕਾਰਪੋਰੇਸਨ ਦਾ ਸਮੂਹ ਕਰਮਚਾਰੀਆਂ ਵਲੋਂ ਇਸ ਸੰਕਟ ਦੇ ਸਮੇਂ ਪਾਏ ਯੋਗਦਾਨ ਲਈ ਧੰਨਵਾਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਹੀ ਅਜਿਹਾ ਪਹਿਲਾ ਸੂਬਾ ਜਿੱਥੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਲੋਕਾਂ ਦੀਆਂ ਜਿੰਦਗੀਆਂ ਬਚਾਉਣ ਲਈ ਵੱਡਾ ਫੈਸਲਾ ਕਰਦਿਆ ਸਮੁੱਚੇ ਸੂਬੇ ਵਿੱਚ ਕਰਫਿਊ ਲਗਾਉਣ ਦਾ ਐਲਾਨ ਕੀਤਾ ਸੀ। ਸ੍ਰੀ ਸੂਦ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਰੋਨਾ ਵਾਇਰਸ ਦੀ ਮਹਾਂਮਾਰੀ ਦੇ ਸੰਕਟ ਵਿੱਚ ਸਹਿਯੋਗ ਦੇਣ ਤੇ ਆਪਣੇ ਘਰਾਂ ਵਿੱਚ ਹੀ ਰਹਿਣ ਜਦੋਂ ਤੱਕ ਸਰਕਾਰ ਦੇ ਨਵੇਂ ਆਦੇਸ਼ ਨਹੀਂ ਆ ਜਾਂਦੇ।

===========

ਦਫਤਰ ਜ਼ਿਲਾ ਲੋਕ ਸੰਪਰਕ ਅਫਸਰ ਅੰਮ੍ਰਿਤਸਰ।

ਲੋੜਵੰਦਾਂ ਲਈ ਰਾਸ਼ਨ ਦੇ ਨਾਲ-ਨਾਲ ਦਵਾਈਆਂ ਵੀ ਮੁਹੱਈਆ ਕਰਵਾ ਰਹੀ ਹੈ ਪੁਲਿਸ

ਔਖੇ ਸਮੇਂ ਰੱਬ ਬਣ ਕੇ ਬਹੁੜ ਰਹੇ ਹਨ ਪੰਜਾਬ ਪੁਲਿਸ ਦੇ ਜਵਾਨ

ਅੰਮ੍ਰਿਤਸਰ, 9 ਅਪਰੈਲ ( )-ਕੋਵਿਡ 19 ਤੋਂ ਰਾਜ ਦੇ ਵਾਸੀਆਂ ਦਾ ਬਚਾਅ ਕਰਨ ਲਈ ਲਗਾਏ ਗਏ ਕਰਫਿਊ ਦੌਰਾਨ ਪੰਜਾਬ ਪੁਲਸ ਲੋੜਵੰਦਾਂ ਲੋਕਾਂ ਦੀ ਦੀ ਮਦਦ ਲਈ ਨਾ ਕੇਵਲ ਭੋਜਨ ਦਾ ਪ੍ਰਬੰਧ ਕਰ ਰਹੀ ਹੈ, ਬਲਕਿ ਕਈ ਗਰੀਬ ਲੋਕ ਜਿਨਾ ਕੋਲ ਜ਼ਰੂਰੀ ਦਵਾਈ ਲਈ ਪੈਸੇ ਵੀ ਨਹੀਂ ਹਨ, ਲਈ ਦਵਾਈਆਂ ਦਾ ਪ੍ਰਬੰਧ ਵੀ ਕਰ ਰਹੀ ਹੈ। ਪੁਲਸ ਦੇ ਜਵਾਨ ਰੋਜ਼ਾਨਾ ਲੋੜਵੰਦ ਲੋਕਾਂ ਨੂੰ ਲੰਗਰ ਅਤੇ ਸੁੱਕਾ ਰਾਸ਼ਨ ਮੁਹੱਈਆ ਕਰਵਾ ਰਹੇ ਹਨ।

ਇਸ ਕੰਮ ਵਿਚ ਉਹ ਜਿੱਥੇ ਆਪਣੀ ਜੇਬ ਵਿਚੋਂ ਵੀ ਪੈਸੇ ਖਰਚ ਰਹੇ ਹਨ ਅਤੇ ਉਥੇ ਆਪਸੀ ਸਬੰਧ ਵੀ ਇਸ ਕੰਮ ਲਈ ਵਰਤ ਰਹੇ ਹਨ। ਬੀਤੇ ਦਿਨ ਹੀ ਡੀ.ਜੀ.ਪੀ. ਸ੍ਰੀ ਦਿਨਕਰ ਗੁਪਤਾ ਨੇ ਕੋਟ ਖਾਲਸਾ ਦੇ ਇੰਸਪੈਕਟਰ ਐਸ.ਐਚ.ਓ. ਸੰਜੀਵ ਕੁਮਾਰ ਨੂੰ ਪੁਲਿਸ ਐਵਾਰਡ ਲਈ ਚੁਣਿਆ ਹੈ, ਜੋ ਸੇਵਾ ਦੀ ਭਾਵਨਾ ਨਾਲ ਗਰੀਬ ਅਤੇ ਭੁੱਖੇ ਲੋਕਾਂ ਨੂੰ ਭੋਜਨ ਛਕਾ ਰਹੇ ਹਨ। ਇਸੇ ਤਰਾਂ ਸ਼ਿਵਾਲਾ ਚੋਕੀ ਇੰਚਾਰਜ਼ ਸ੍ਰੀ ਪ੍ਰੋਸ਼ਤਮ ਕੁਮਾਰ ਵਲੋ ਸਲੱਮ ਬਸਤੀਆਂ ਵਿਚ ਜਾ ਕੇ ਰਾਸ਼ਨ ਮੁਹੱਈਆ ਕਰਵਾਇਆ ਜਾ ਰਿਹਾ ਹੈ। ਸ੍ਰੀ ਪ੍ਰੋਸ਼ਤਮ ਨੇ ਦੱਸਿਆ ਕਿ ਸਾਡੀ ਪੁਲਸ ਚੌਕੀ ਦੇ ਸਾਰੇ ਕਰਮਚਾਰੀ ਆਪਣੇ ਨਿਜੀ ਖ਼ਰਚਿਆਂ ਵਿਚ ਰੋਜ਼ਾਨਾ ਲੋੜਵੰਦਾਂ ਲਈ ਹਿੱਸਾ ਪਾ ਰਹੇ ਹਨ। ਇਸ ਤੋਂ ਇਲਾਵਾ ਨਿੱਜੀ ਸੰਸਥਾ ਐਡਵਾਂਸ ਇੰਡੀਆ ਪ੍ਰਜੈਕਟ ਲਿਮ: ਸੈਲੀਬਰੇਸ਼ਨ ਮਾਲ ਦੀ ਹੈਡ ਮੈਡਮ ਨਿਧੀ ਮਹਿਰਾ ਵੱਲੋ ਆਪਣੀ ਸੰਸਥਾ ਰਾਹੀ ਰੋਜ਼ਾਨਾ 100 ਰਾਸ਼ਨ ਦੇ ਪੈਕੇਟ ਵੀ ਦਿੱਤੇ ਜਾ ਰਹੇ ਹਨ, ਜੋ ਕਿ ਸੰਸਥਾ ਦੇ ਕਰਮਚਾਰੀਆਂ ਨਾਲ ਸਹਿਯੋਗ ਕਰਕੇ ਲੋੜਵੰਦਾਂ ਨੂੰ ਮੁਹੱਈਆ ਕਰਵਾਏ ਜਾ ਰਹੇ ਹਨ।

ਸ੍ਰੀ ਪ੍ਰੋਸ਼ਤਮ ਕੁਮਾਰ ਇੰਚਾਰਜ ਨੇ ਦੱਸਿਆ ਕਿ ਉਨਾਂ ਵਲੋ ਲੋੜਵੰਦ ਪਰਿਵਾਰਾਂ ਦੀ ਪਹਿਲਾਂ ਲਿਸਟਾਂ ਤਿਆਰ ਕੀਤੀਆਂ ਜਾਂਦੀਆਂ ਹਨ ਅਤੇ ਫਿਰ ਅਸੀ ਘਰ ਘਰ ਜਾ ਕੇ ਲੋੜਵੰਦਾਂ ਪਰਿਵਾਰਾਂ ਨੂੰ ਰਾਸ਼ਨ ਮੁਹੱਈਆ ਕਰਵਾ ਰਹੇ ਹਾਂ। ਉਨਾਂ ਕਿਹਾ ਕਿ ਸਾਡੀ ਕੋਸ਼ਿਸ਼ ਹੈ ਕਿ ਇਸ ਮੁਸ਼ਕਲ ਘੜੀ ਵਿਚ ਕੋਈ ਵੀ ਪਰਿਵਾਰ ਭੁੱਖਾ ਨਾ ਰਹੇ। ਉਨਾਂ ਦੱਸਿਆ ਕਿ ਉਨਾਂ ਦੀ ਚੌਕੀ ਅਧੀਨ ਪੈਂਦੇ ਖੇਤਰ ਮੁਸਲਮ ਗੰਜ, ਸੁੰਦਰ ਨਗਰ,ਸਾਵਨ ਨਗਰ ਅਤੇ ਪੁਰਾਣੀ ਬੱਚਾ ਵਾਰਡ ਦੇ ਨਜ਼ਦੀਕ ਪੈਂਦੀਆਂ ਝੁੱਗੀਆਂ ਝੋਪੜੀਆਂ ਵਿਚ ਰਾਸ਼ਨ ਦੇ ਨਾਲ-ਨਾਲ ਦਵਾਈਆਂ ਵੀ ਦਿੱਤੀਆਂ ਜਾ ਰਹੀਆਂ ਹਨ।

ਕੈਪਸ਼ਨ: ਸ੍ਰੀ ਪ੍ਰੋਸ਼ਤਮ ਲਾਲ ਚੋਕੀ ਇੰਚਾਰਜ ਸ਼ਿਵਾਲਾ ਐਡਵਾਂਸ ਇੰਡੀਆ ਪ੍ਰਜੈਕਟ ਲਿਮ ਦੇ ਕਰਮਚਾਰੀਆਂ ਨਾਲ ਲੋੜਵੰਦ ਪਰਿਵਾਰਾ ਨੂੰ ਰਾਸ਼ਨ ਵੰਡਦੇ ਹੋਏ।

==========